# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 08:30

**ਮਿਤੀ : 06-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਤਮਿਲਨਾਡੂ, ਪੁਦੂਚੇਰੀ ਅਤੇ ਪੱਛਮੀ ਬੰਗਾਲ ਵਿੱਚ ਵਿਧਾਨ ਸਭਾ ਦੀਆਂ ਪੰਜ ਸੀਟਾਂ ਅਤੇ ਅਸਾਮ ਵਿੱਚ ਇੱਕ ਲੋਕ ਸਭਾ ਸੀਟ ਲਈ, ਜ਼ਿਮਨੀ ਚੋਣਾਂ ਵਾਸਤੇ ਅੱਜ ਵੋਟਾਂ ਪੈ ਰਹੀਆਂ ਨੇ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਤੋਂ ਹਿਮਾਚਲ ਪ੍ਰਦੇਸ਼ ਦੇ ਤਿੰਨ-ਦਿਨਾਂ ਦੌਰੇ 'ਤੇ ਹੋਣਗੇ।

- ਭਾਰਤ ਨੇ ਅਫਗਾਨਿਸਤਾਨ ਦੀ ਪ੍ਰਭੂਸੱਤਾ, ਏਕਤਾ ਅਤੇ ਖੇਤਰੀ ਅਖੰਡਤਾ ਲਈ ਆਪਣੀ ਹਮਾਇਤ ਦੁਹਰਾਈ ।

- ਹਵਾ ਦੀ ਗੁਣਵੱਤਾ ਦੇ ਪ੍ਰਬੰਧ ਬਾਰੇ ਕਮਿਸ਼ਨ (CAQM) ਨੇ ਪੰਜਾਬ ਤੇ ਹਰਿਆਣਾ ਦੇ 34 ਜ਼ਿਲ੍ਹਿਆਂ ਵਿੱਚ ਝੋਨੇ ਦੀ ਪਰਾਲੀ ਸਾੜ੍ਹਨ ਦੀਆਂ ਘਟਨਾਵਾਂ ਨੂੰ ਰੋਕਣ ਲਈ, ਫਲਾਇੰਗ ਸਕੁਐਡ ਤਾਇਨਾਤ ਕੀਤੇ ।

- ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ twenty-twenty ਮੈਚਾਂ ਦੀ ਲੜੀ ਦਾ ਪਹਿਲਾ ਮੈਚ ਅੱਜ ਲਖਨਊ'ਚ ਖੇਡਿਆ ਜਾਵੇਗਾ ।

## *ਹੁਣ ਖਬਰਾਂ ਵਿਸਥਾਰ ਨਾਲ*

ਤਮਿਲਨਾਡੂ, ਪੁਦੂਚੇਰੀ ਅਤੇ ਪੱਛਮੀ ਬੰਗਾਲ ਵਿੱਚ ਵਿਧਾਨ ਸਭਾ ਦੀਆਂ ਪੰਜ ਸੀਟਾਂ ਅਤੇ ਅਸਾਮ ਵਿੱਚ ਇੱਕ ਲੋਕ ਸਭਾ ਸੀਟ ਲਈ, ਜ਼ਿਮਨੀ ਚੋਣਾਂ ਵਾਸਤੇ ਅੱਜ ਵੋਟਾਂ ਪੈ ਰਹੀਆਂ ਨੇ।

ਤਾਮਿਲਨਾਡੂ ਦੀਆਂ ਮਦੁਰਾਂਤਕਮ ਅਤੇ ਧਾਰਾਪੁਰਮ ਵਿਧਾਨ ਸਭਾ ਸੀਟਾਂ, ਪੁਦੂਚੇਰੀ ਦੀ ਥੱਟਾਂਚਾਵਡੀ ਸੀਟ ਅਤੇ ਪੱਛਮੀ ਬੰਗਾਲ ਦੀ ਰੇਜੀਨਗਰ ਅਤੇ ਨੰਦੀਗ੍ਰਾਮ ਸੀਟਾਂ ਲਈ ਵੋਟਾਂ ਪੈ ਰਹੀਆਂ ਨੇ। ਅਸਾਮ ਵਿੱਚ Nagaon ਲੋਕ ਸਭਾ ਸੀਟ ਲਈ ਵੀ ਵੋਟਿੰਗ ਹੋ ਰਹੀ ਏ। ਵੋਟਾਂ ਦੀ ਗਿਣਤੀ ਸ਼ੁੱਕਰਵਾਰ ਨੂੰ ਹੋਵੇਗੀ।

---

ਭਾਰਤੀ ਜਨਤਾ ਪਾਰਟੀ ਨੇ ਉੱਤਰ ਪ੍ਰਦੇਸ਼ ਵਿੱਚ ਹੋਣ ਵਾਲੀਆਂ ਰਾਜ ਸਭਾ ਚੋਣਾਂ ਲਈ ਅੱਠ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰ ਦਿੱਤਾ ਏ। ਪਾਰਟੀ ਦੀ ਕੇਂਦਰੀ ਚੋਣ ਕਮੇਟੀ ਨੇ ਧਰਮਪਾਲ ਸਿੰਘ, ਰਾਧਾਕਾਂਤ ਓਝਾ, ਪ੍ਰਕਾਸ਼ ਪਾਲ, ਵਿਦਿਆਸਾਗਰ ਸੋਨਕਰ, ਗੋਪੀ ਕ੍ਰਿਸ਼ਨ ਪਾਂਡੇ, ਪ੍ਰਿਅੰਕਾ ਸਿੰਘ ਰਾਵਤ, ਰਾਮ ਪ੍ਰਤਾਪ ਸਿੰਘ ਚੌਹਾਨ ਅਤੇ ਸ਼ਰੂਤੀ ਗੰਗਵਾਰ ਦੇ ਨਾਵਾਂ ਨੂੰ ਮਨਜ਼ੂਰੀ ਦੇ ਦਿੱਤੀ ਏ। ਨਾਮਜ਼ਦਗੀ ਦਾਖ਼ਲ ਕਰਨ ਦੀ ਅੱਜ ਆਖਰੀ ਤਰੀਕ ਏ।

ਉੱਤਰ ਪ੍ਰਦੇਸ਼, ਉੱਤਰਾਖੰਡ ਅਤੇ ਪੱਛਮੀ ਬੰਗਾਲ ਦੀਆਂ ਰਾਜ ਸਭਾ ਸੀਟਾਂ ਲਈ ਵੋਟਿੰਗ, 16 ਅਕਤੂਬਰ ਨੂੰ ਹੋਵੇਗੀ। ਇਨ੍ਹਾਂ ਵਿੱਚ ਉੱਤਰ ਪ੍ਰਦੇਸ਼ ਦੀਆਂ 10 ਅਤੇ ਉੱਤਰਾਖੰਡ ਦੀ ਇੱਕ ਸੀਟ ਸ਼ਾਮਲ ਏ। ਇਸਦੇ ਨਾਲ ਹੀ ਪੱਛਮੀ ਬੰਗਾਲ ਵਿੱਚ ਇੱਕ ਸੀਟ ਲਈ, ਜ਼ਿਮਨੀ ਚੋਣ ਵੀ ਹੋਵੇਗੀ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਸਵਿਤਜ਼ਰਲੈਂਡ ਦੇ ਰਾਸ਼ਟਰਪਤੀ ਗੀ ਪਰਮਲਾਂ ਨੇ ਕਲ੍ਹ ਨਵੀਂ ਦਿੱਲੀ ਵਿੱਚ ਦੁਵੱਲੀ ਗੱਲਬਾਤ ਕੀਤੀ। ਇਸ ਤੋਂ ਬਾਅਦ, ਦੋਵਾਂ ਦੇਸ਼ਾਂ ਨੇ ਪੰਜ ਸਮਝੌਤਿਆਂ 'ਤੇ ਦਸਤਖਤ ਕੀਤੇ। ਇਹ

ਸਮਝੌਤੇ ਪ੍ਰਵਾਸ, ਨੌਜਵਾਨ ਪੇਸ਼ੇਵਰਾਂ ਦੇ ਵਟਾਂਦਰੇ ਆਵਾਜਾਈ, ਵਿਗਿਆਨ ਅਤੇ ਤਕਨੌਲਜੀ, ਨਵੀਨਤਾ ਅਤੇ ਉੱਦਮਤਾ ਵਰਗੇ ਖੇਤਰਾਂ ਨੂੰ ਕਵਰ ਕਰਦੇ ਨੇ. ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ-ਈ ਐਫ ਟੀ ਏ ਵਪਾਰ ਅਤੇ ਆਰਥਿਕ ਭਾਈਵਾਲੀ ਸਮਝੌਤਾ ਦੋਵਾਂ ਦੇਸ਼ਾਂ ਵਿਚਕਾਰ ਵਪਾਰ ਅਤੇ ਨਿਵੇਸ਼ ਨੂੰ ਵਧਾਏਗਾ-

**BYTE: PM SPACE AND HEALTH**

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕੱਲ੍ਹ ਰਾਸ਼ਟਰਪਤੀ ਭਵਨ ਵਿਖੇ ਸਵਿਟਜ਼ਰਲੈਂਡ ਦੇ ਰਾਸ਼ਟਰਪਤੀ Guy Parmelin ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੇ ਸਨਮਾਨ ਵਿੱਚ ਰਾਤ ਦੇ ਖਾਣੇ ਦੀ ਦਾਵਤ ਦਿੱਤੀ। ਸਵਿਟਜ਼ਰਲੈਂਡ ਦੇ ਰਾਸ਼ਟਰਪਤੀ ਦਾ ਭਾਰਤ ਵਿੱਚ ਸੁਆਗਤ ਕਰਦਿਆਂ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਭਾਰਤ ਅਤੇ ਸਵਿਟਜ਼ਰਲੈਂਡ ਵਿਚਕਾਰ ਲੋਕਰਾਜ ਅਤੇ ਕਾਨੂੰਨ ਦੇ ਸ਼ਾਸਨ ਵਰਗੀਆਂ ਸਾਂਝੀਆਂ ਕਦਰਾਂ-ਕੀਮਤਾਂ 'ਤੇ ਅਧਾਰਤ ਨਿੱਘੇ ਅਤੇ ਸੁਹਿਰਦ ਸਬੰਧ ਨੇ। ਦੇਸ਼ਾਂ ਵਿਚਕਾਰ ਉੱਚ-ਪੱਧਰੀ ਵਿਚਾਰ-ਵਟਾਂਦਰਿਆਂ ਨੇ ਸਾਡੇ ਦੁਵੱਲੇ ਸਬੰਧਾਂ ਨੂੰ ਗਤੀ ਦਿੱਤੀ ਏ।

ਇਸ ਤੋਂ ਇਲਾਵਾ, ਰਾਸ਼ਟਰਪਤੀ ਨੇ ਕਿਹਾ ਕਿ ਸਵਿਟਜ਼ਰਲੈਂਡ, ਭਾਰਤ ਲਈ ਵਪਾਰ ਅਤੇ ਨਿਵੇਸ਼ ਦਾ ਇੱਕ ਮਹੱਤਵਪੂਰਨ ਭਾਈਵਾਲ ਏ। ਉਨ੍ਹਾਂ

ਕਿਹਾ ਕਿ ਇਤਿਹਾਸਕ ਭਾਰਤ-ਯੂਰਪੀਅਨ ਮੁਕਤ ਵਪਾਰ ਸੰਘ (EFTA) ਵਪਾਰ ਅਤੇ ਭਾਈਵਾਲੀ ਸਮਝੌਤੇ ਦੇ ਲਾਗੂ ਹੋਣ ਤੋਂ ਬਾਅਦ, ਦੁਵੱਲੇ ਵਪਾਰ ਅਤੇ ਨਿਵੇਸ਼ ਦੇ ਪਸਾਰ ਲਈ, ਹੋਰ ਵੀ ਵੱਡੇ ਮੌਕੇ ਨੇ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਤੋਂ ਹਿਮਾਚਲ ਪ੍ਰਦੇਸ਼ ਦੇ ਤਿੰਨ-ਦਿਨਾਂ ਦੌਰੇ 'ਤੇ ਹੋਣਗੇ। ਦੌਰੇ ਦੌਰਾਨ, ਰਾਸ਼ਟਰਪਤੀ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ (AIIMS), ਬਿਲਾਸਪੁਰ ਦੇ ਕਨਵੋਕੇਸ਼ਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ ਅਤੇ ਸਿਖਿਆਰਥੀ ਡਾਕਟਰਾਂ ਨੂੰ ਡਿਗਰੀਆਂ ਪ੍ਰਦਾਨ ਕਰਨਗੇ। ਤਜਵੀਜ਼ਸ਼ੁਦਾ ਪ੍ਰੋਗਰਾਮ ਮੁਤਾਬਕ, ਰਾਸ਼ਟਰਪਤੀ ਅੱਜ ਸਵੇਰੇ ਕਰੀਬ ਸਾਢੇ 10 ਵਜੇ AIIMS ਪਹੁੰਚਣਗੇ। ਹਿਮਾਚਲ ਪ੍ਰਦੇਸ਼ ਦੇ ਰਾਜਪਾਲ ਕਵਿੰਦਰ ਗੁਪਤਾ, ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਅਤੇ ਕੇਂਦਰੀ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਵੀ ਇਸ ਕਾਨਵੋਕੇਸ਼ਨ ਸਮਾਰੋਹ ਵਿੱਚ ਸ਼ਾਮਲ ਹੋਣਗੇ।

ਆਪਣੇ ਦੌਰੇ ਦੇ ਦੂਜੇ ਦਿਨ, ਰਾਸ਼ਟਰਪਤੀ ਭਲਕੇ ਮਨਾਲੀ ਜਾਣਗੇ. ਉਹ ਹਿਡਿੰਬਾ ਮੰਦਰ ਦੇ ਦਰਸ਼ਨ ਕਰਨਗੇ ਅਤੇ ਰੋਹਤਾਂਗ ਸਥਿਤ ਅਟਲ ਸੁਰੰਗ ਦਾ ਦੌਰਾ ਕਰਨਗੇ।

ਰਾਸ਼ਟਰਪਤੀ ਦੇ ਦੌਰੇ ਦੇ ਮੱਦੇਨਜ਼ਰ, ਬਿਲਾਸਪੁਰ ਅਤੇ ਕੁੱਲੂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਨੇ।

---------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਅੱਜ ਓਡੀਸ਼ਾ ਦੇ ਕੋਰਾਪੁਟ ਵਿੱਚ ਹਿੰਦੁਸਤਾਨ ਏਅਰੋਨਾਟਿਕਸ ਲਿਮਟਿਡ (ਐੱਚਏਐੱਲ) ਦੇ ਕੋਰਾਪੁਟ ਡਿਵੀਜ਼ਨ ਵਲੋਂ ਬਣਾਏ ਗਏ ਦੋ ਹਜ਼ਾਰਵੇਂ ਏਅਰੋ-ਇੰਜਣ ਦੀ ਸਪੁਰਦਗੀ ਕਰਨਗੇ। ਰੱਖਿਆ ਮੰਤਰਾਲੇ ਨੇ ਕਿਹਾ ਕਿ ਇਹ ਸਮਾਗਮ ਐੱਚਏਐੱਲ ਕੋਰਾਪੁਟ ਦੇ ਕਰੀਬ ਛੇ ਦਹਾਕਿਆਂ ਦੇ ਯੋਗਦਾਨ ਨੂੰ ਉਜਾਗਰ ਕਰੇਗਾ। ਇਹ ਦੇਸ਼ ਦੀਆਂ ਏਰੋਸਪੇਸ ਅਤੇ ਰੱਖਿਆ ਨਿਰਮਾਣ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਅਤੇ ਹਥਿਆਰਬੰਦ ਫੌਜਾਂ ਦੀ ਸੰਚਾਲਨ ਤਿਆਰੀ ਵਿੱਚ ਇਸਦੇ ਯੋਗਦਾਨ ਨੂੰ ਵੀ ਉਜਾਗਰ ਕਰੇਗਾ। ਰੱਖਿਆ ਮੰਤਰੀ ਅੱਜ ਵਿਸ਼ਾਖਾਪਟਨਮ ਵਿੱਚ ਹਿੰਦੁਸਤਾਨ ਸ਼ਿਪਯਾਰਡ ਲਿਮਟਿਡ ਵਿਖੇ ਫਲੀਟ ਸਪੋਰਟ ਸ਼ਿਪ-1 ਲਾਂਚ ਕਰਨਗੇ ਅਤੇ ਫਲੀਟ ਸਪੋਰਟ ਸ਼ਿਪ-5 ਦੀ ਨੀਂਹ ਰੱਖਣਗੇ। ਉਹ ਐਡਵਾਂਸਡ ਸਲਿੱਪਵੇ-4 ਅਤੇ 300 ਟਨ ਵਾਲੀ ਗੋਲਿਅਥ ਕ੍ਰੇਨ ਦਾ ਉਦਘਾਟਨ ਵੀ ਕਰਨਗੇ।

---------------------------------------------------------

ਭਾਰਤ ਨੇ ਅਫਗਾਨਿਸਤਾਨ ਦੀ ਪ੍ਰਭੂਸੱਤਾ, ਏਕਤਾ ਅਤੇ ਖੇਤਰੀ ਅਖੰਡਤਾ ਲਈ ਆਪਣੀ ਹਮਾਇਤ ਅਤੇ ਅਫਗਾਨ ਲੋਕਾਂ ਦੀ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ। ਭਾਰਤ ਨੇ ਇਹ ਗੱਲ ਮਾਸਕੋ ਵਿੱਚ ਰੂਸ ਵਲੋਂ ਕਰਾਏ ਗਏ, ਅਫਗਾਨਿਸਤਾਨ 'ਤੇ 8ਵੇਂ ਮਾਸਕੋ ਫਾਰਮੈਟ ਸਲਾਹ-ਮਸ਼ਵਰੇ ਵਿੱਚ ਕਹੀ.

ਭਾਰਤੀ ਵਫ਼ਦ ਦੀ ਅਗਵਾਈ ਰੂਸ ਵਿੱਚ ਭਾਰਤੀ ਰਾਜਦੂਤ ਵਿਨੈ ਕੁਮਾਰ ਅਤੇ ਜੋਇੰਟ ਸਕੱਤਰ ਡਾ. ਐਮ. ਸੁਰੇਸ਼ ਕੁਮਾਰ ਨੇ ਕੀਤੀ। ਮੀਟਿੰਗ ਵਿੱਚ ਰੂਸ, ਭਾਰਤ, ਈਰਾਨ, ਕਜ਼ਾਕਿਸਤਾਨ, ਚੀਨ, ਕਿਰਗਿਸਤਾਨ, ਪਾਕਿਸਤਾਨ, ਤਾਜਿਕਸਤਾਨ ਅਤੇ ਉਜ਼ਬੇਕਿਸਤਾਨ ਦੇ ਪ੍ਰਤੀਨਿਧੀਆਂ ਨੇ ਹਿੱਸਾ ਲਿਆ। ਅਫਗਾਨਿਸਤਾਨ ਦੀ ਨੁਮਾਇੰਦਗੀ ਵਿਦੇਸ਼ ਮੰਤਰੀ ਅਮੀਰ ਖਾਨ ਮੁਤਕੀ ਨੇ ਕੀਤੀ। ਬੇਲਾਰੂਸ ਅਤੇ ਮਿਸਰ ਮਹਿਮਾਨਾਂ ਵਜੋਂ ਸ਼ਾਮਿਲ ਹੋਏ।

ਰੂਸੀ ਵਿਦੇਸ਼ ਮੰਤਰਾਲੇ ਮੁਤਾਬਿਕ, ਹਿੱਸਾ ਲੈਣ ਵਾਲਿਆਂ ਨੇ ਸਮਾਨਤਾ ਅਤੇ ਆਪਸੀ ਲਾਭ ਦੇ ਆਧਾਰ 'ਤੇ ਕਾਬੁਲ ਨਾਲ ਸਹਿਯੋਗ ਵਧਾਉਣ ਅਤੇ ਵਿਸ਼ਵ ਆਰਥਿਕਤਾ ਵਿੱਚ ਅਫਗਾਨਿਸਤਾਨ ਦੇ ਏਕੀਕਰਨ ਦੀ ਹਮਾਇਤ ਕਰਨ ਦੀ ਜ਼ਰੂਰਤ ਨੂੰ ਦੁਹਰਾਇਆ।

ਰੂਸੀ ਵਿਦੇਸ਼ ਮੰਤਰੀ ਸਰਗੇਈ ਲਾਵਰੋਵ ਨੇ ਕਿਹਾ ਕਿ ਇਹ ਫੋਰਮ ਉਨ੍ਹਾਂ ਦੇਸ਼ਾਂ ਨੂੰ ਇਕੱਠਾ ਕਰਦਾ ਏ ਜੋ ਅਫਗਾਨਿਸਤਾਨ ਨਾਲ ਬਰਾਬਰ ਅਤੇ ਆਪਸੀ ਤੌਰ ‘ਤੇ ਲਾਭਦਾਇਕ ਭਾਈਵਾਲੀ ਦੀ ਇੱਛਾ ਰੱਖਦੇ ਨੇ. ਮਾਸਕੋ

ਫਾਰਮੈਟ ਦੀ ਸਥਾਪਨਾ 2017 ਵਿੱਚ ਅਫਗਾਨਿਸਤਾਨ ਵਿੱਚ ਰਾਸ਼ਟਰੀ ਸੁਲ੍ਹਾ ਅਤੇ ਸ਼ਾਂਤੀ ਨੂੰ ਉਤਸ਼ਾਹਿਤ ਕਰਨ ਲਈ ਕੀਤੀ ਗਈ ਸੀ।

---------------------------------------------------

ਪੰਜਾਬ ਤੇ ਹਰਿਆਣਾ ਵਿੱਚ ਝੋਨੇ ਦੀ ਪਰਾਲੀ ਸਾੜ੍ਹਨ ਦੀਆਂ ਘਟਨਾਵਾਂ ਨੂੰ ਰੋਕਣ ਲਈ, ਰਾਸ਼ਟਰੀ ਰਾਜਧਾਨੀ ਖੇਤਰ (NCR) ਅਤੇ ਨਾਲ ਲੱਗਦੇ ਇਲਾਕਿਆਂ ਵਿੱਚ ਹਵਾ ਦੀ ਗੁਣਵੱਤਾ ਦੇ ਪ੍ਰਬੰਧ ਬਾਰੇ ਕਮਿਸ਼ਨ (CAQM) ਨੇ ਇਨ੍ਹਾਂ ਰਾਜਾਂ ਦੇ 34 ਜ਼ਿਲ੍ਹਿਆਂ ਵਿੱਚ ਫਲਾਇੰਗ ਸਕੁਐਡ ਤਾਇਨਾਤ ਕੀਤੇ ਨੇ, ਜਦੋਂ ਕਿ ਤਾਲਮੇਲ ਵਾਲੀਆਂ ਖੇਤਰ-ਪੱਧਰੀ ਨਿਗਰਾਨੀ ਵਿਧੀਆਂ ਨੂੰ ਹੋਰ ਤੇਜ਼ ਕੀਤਾ ਏ।

ਚੁਗਿਰਦਾ, ਜੰਗਲਾਤ ਅਤੇ ਜਲਵਾਯੂ ਤਬਦੀਲੀ ਬਾਰੇ ਮੰਤਰਾਲੇ ਨੇ ਕਿਹਾ ਏ ਕਿ ਇਸ ਮਹੀਨੇ ਦੀ ਪਹਿਲੀ ਤਰੀਕ ਤੋਂ ਅਗਲੇ ਮਹੀਨੇ ਦੀ 30 ਤਰੀਕ ਤੱਕ ਪੰਜਾਬ ਦੇ 18 ਜ਼ਿਲ੍ਹਿਆਂ ਅਤੇ ਹਰਿਆਣਾ ਦੇ 16 ਜ਼ਿਲ੍ਹਿਆਂ ਵਿੱਚ ਫਲਾਇੰਗ ਸਕੁਐਡ ਤਾਇਨਾਤ ਕੀਤੇ ਗਏ ਨੇ. ਇਸ ਵਿੱਚ ਅੱਗੇ ਕਿਹਾ ਗਿਆ ਏ ਕਿ ਫਲਾਇੰਗ ਸਕੁਐਡ ਆਪਣੇ-ਆਪਣੇ ਨਿਰਧਾਰਤ ਜ਼ਿਲ੍ਹਿਆਂ ਵਿੱਚ ਜ਼ਮੀਨੀ-ਪੱਧਰੀ ਸਥਿਤੀ ਦਾ ਮੁਲੰਕਣ ਕਰਨਗੇ ਅਤੇ ਸੰਬੰਧਿਤ ਅਧਿਕਾਰੀਆਂ ਨਾਲ ਨੇੜਿਓਂ ਤਾਲਮੇਲ ਕਰਨਗੇ।

ਟੀਮਾਂ ਕਿਸਾਨਾਂ, ਪਰਾਲੀ ਸੁਰੱਖਿਆ ਬਲ, ਜ਼ਿਲ੍ਹਾ-ਪੱਧਰੀ ਅਧਿਕਾਰੀਆਂ, ਰਾਜ ਸਰਕਾਰ ਦੇ ਨੋਡਲ ਅਧਿਕਾਰੀਆਂ, ਸੰਬੰਧਿਤ ਰਾਜ ਪ੍ਰਦੂਸ਼ਣ ਕੰਟਰੋਲ ਬੋਰਡਾਂ ਦੇ ਅਧਿਕਾਰੀਆਂ, SAS ਨਗਰ ਵਿਖੇ CAQM ਸੈੱਲ ਅਤੇ ਕਮਿਸ਼ਨ ਨਾਲ ਤਾਲਮੇਲ ਕਰਨਗੀਆਂ। ਝੋਨੇ ਦੀ ਪਰਾਲੀ ਸਾੜ੍ਹਨ ਦੀਆਂ ਹੋਰ ਘਟਨਾਵਾਂ ਨੂੰ ਰੋਕਣ ਲਈ ਚੁੱਕੇ ਗਏ ਕਦਮਾਂ ਦੇ ਨਾਲ-ਨਾਲ ਜ਼ਮੀਨੀ ਸਥਿਤੀ ਦੀ ਰਿਪੋਰਟ ਰੋਜ਼ਾਨਾ CAQM ਸੈੱਲ ਨੂੰ ਦਿੱਤੀ ਜਾਵੇਗੀ।

ਮੰਤਰਾਲੇ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮਜ਼ਬੂਤ ਫੀਲਡ-ਪੱਧਰੀ ਵਿਧੀ ਦਾ ਉਦੇਸ਼ ਵਾਢੀ ਦੀ ਰੁਤ ਦੌਰਾਨ ਪਰਾਲੀ ਸਾੜ੍ਹਨ ਦੀਆਂ ਘਟਨਾਵਾਂ ਨਾਲ ਨਜਿੱਠਣ ਲਈ ਜ਼ਮੀਨੀ ਸਥਿਤੀ ਦਾ ਸਮੇਂ ਸਿਰ ਮੁਲੰਕਣ, ਲਾਗੂ ਕਰਨ ਵਾਲੀਆਂ ਏਜੰਸੀਆਂ ਵਿਚਕਾਰ ਨਜ਼ਦੀਕੀ ਤਾਲਮੇਲ ਅਤੇ ਤੁਰੰਤ ਰੋਕਥਾਮ ਕਾਰਵਾਈ ਨੂੰ ਯਕੀਨੀ ਬਣਾਉਣਾ ਏ।

---------------------------------------------------

ਭਾਰਤੀ ਖੁਰਾਕ ਸੁਰੱਖਿਆ ਅਤੇ ਮਿਆਰ ਅਥਾਰਟੀ (FSSAI) ਨੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਆਉਣ ਵਾਲੇ ਤਿਉਹਾਰਾਂ ਦੌਰਾਨ ਮਿਲਾਵਟੀ ਅਤੇ ਅਸੁਰੱਖਿਅਤ ਭੋਜਨ ਵਿਰੁੱਧ ਵਿਸ਼ੇਸ਼ ਮੁਹਿੰਮਾਂ ਸ਼ੁਰੂ ਕਰਨ ਦੀ ਅਪੀਲ ਕੀਤੀ ਏ. FSSAI ਨੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਕਮਿਸ਼ਨਰਾਂ ਅਤੇ ਇਸਦੇ ਖੇਤਰੀ ਡਾਇਰੈਕਟਰਾਂ ਨੂੰ

ਪੱਤਰ ਲਿਖ ਕੇ ਤਿਉਹਾਰਾਂ ਦੌਰਾਨ ਭੋਜਨ ਸੁਰੱਖਿਆ, ਗੁਣਵੱਤਾ ਅਤੇ ਮਿਲਾਵਟ ਨੂੰ ਰੋਕਣ ਲਈ ਵਿਸ਼ੇਸ਼ ਮੁਹਿੰਮਾਂ ਸ਼ੁਰੂ ਕਰਨ ਲਈ ਕਿਹਾ ਏ।

---------------------------------------------------------

ਮੌਸਮ ਵਿਭਾਗ ਨੇ ਅੱਜ ਜੰਮੂ-ਕਸ਼ਮੀਰ, ਲੱਦਾਖ, ਪੰਜਾਬ, ਹਰਿਆਣਾ, ਚੰਡੀਗੜ੍ਹ, ਉੱਤਰ ਪ੍ਰਦੇਸ਼, ਉਤਰਾਖੰਡ ਅਤੇ ਹਿਮਾਚਲ ਪ੍ਰਦੇਸ਼ ਵਿੱਚ ਬਿਜਲੀ ਲਿਸ਼ਕਣ ਅਤੇ ਤੇਜ਼ ਹਵਾਵਾਂ ਚੱਲਣ ਦੀ ਪੇਸ਼ੀਨਗੋਈ ਕੀਤੀ ਏ.

---------------------------------------------------------

ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ twenty-twenty ਮੈਚਾਂ ਦੀ ਲੜੀ ਦਾ ਪਹਿਲਾ ਮੈਚ ਅੱਜ ਲਖਨਊ ਵਿੱਚ ਖੇਡਿਆ ਜਾਵੇਗਾ। ਇਹ ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ।

---------------------------------------------------------

- ਤਮਿਲਨਾਡੂ, ਪੁਦੂਚੇਰੀ ਅਤੇ ਪੱਛਮੀ ਬੰਗਾਲ ਵਿੱਚ ਵਿਧਾਨ ਸਭਾ ਦੀਆਂ ਪੰਜ ਸੀਟਾਂ ਅਤੇ ਅਸਾਮ ਵਿੱਚ ਇੱਕ ਲੋਕ ਸਭਾ ਸੀਟ ਲਈ, ਜ਼ਿਮਨੀ ਚੋਣਾਂ ਵਾਸਤੇ ਅੱਜ ਵੋਟਾਂ ਪੈ ਰਹੀਆਂ ਨੇ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਤੋਂ ਹਿਮਾਚਲ ਪ੍ਰਦੇਸ਼ ਦੇ ਤਿੰਨ-ਦਿਨਾਂ ਦੌਰੇ 'ਤੇ ਹੋਣਗੇ।

- ਭਾਰਤ ਨੇ ਅਫਗਾਨਿਸਤਾਨ ਦੀ ਪ੍ਰਭੂਸੱਤਾ, ਏਕਤਾ ਅਤੇ ਖੇਤਰੀ ਅਖੰਡਤਾ ਲਈ ਆਪਣੀ ਹਮਾਇਤ ਦੁਹਰਾਈ ।

- ਹਵਾ ਦੀ ਗੁਣਵੱਤਾ ਦੇ ਪ੍ਰਬੰਧ ਬਾਰੇ ਕਮਿਸ਼ਨ (CAQM) ਨੇ ਪੰਜਾਬ ਤੇ ਹਰਿਆਣਾ ਦੇ 34 ਜ਼ਿਲ੍ਹਿਆਂ ਵਿੱਚ ਝੋਨੇ ਦੀ ਪਰਾਲੀ ਸਾੜ੍ਹਨ ਦੀਆਂ ਘਟਨਾਵਾਂ ਨੂੰ ਰੋਕਣ ਲਈ, ਫਲਾਇੰਗ ਸਕੁਐਡ ਤਾਇਨਾਤ ਕੀਤੇ ।

- ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ twenty-twenty ਮੈਚਾਂ ਦੀ ਲੜੀ ਦਾ ਪਹਿਲਾ ਮੈਚ ਅੱਜ ਲਖਨਊ’ਚ ਖੇਡਿਆ ਜਾਵੇਗਾ ।

---

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ। ਨਮਸਕਾਰ!**